ਕੋਟਿ ਸੂਰ ਜਾ ਕੈ ਪਰਗਾਸ ॥ ਕੋਟਿ ਮਹਾਦੇਵ ਅਰੁ ਕਬਿਲਾਸ ॥ ਦੁਰਗਾ ਕੋਟਿ ਜਾ ਕੈ ਮਰਦਨੁ ਕਰੈ ॥ ਬ੍ਰਹਮਾ ਕੋਟਿ ਬੇਦ ਉਚਰੈ ॥੧॥ ਜਉ ਜਾਚਉ ਤਉ ਕੇਵਲ ਰਾਮ ॥ ਆਨ ਦੇਵ ਸਿਉ ਨਾਹੀ ਕਾਮ ॥੧॥ ਰਹਾਉ ॥ ਕੋਟਿ ਚੰਦ੍ਰਮੇ ਕਰਹਿ ਚਰਾਕ ॥ ਸੁਰ ਤੇਤੀਸਉ ਜੇਵਹਿ ਪਾਕ ॥ ਨਵਗ੍ਰਹ ਕੋਟਿ ਠਾਢੇ ਦਰਬਾਰ ॥ ਧਰਮ ਕੋਟਿ ਜਾ ਕੈ ਪ੍ਰਤਿਹਾਰ ॥੨॥ ਪਵਨ ਕੋਟਿ ਚਉਬਾਰੇ ਫਿਰਹਿ ॥ ਬਾਸਕ ਕੋਟਿ ਸੇਜ ਬਿਸਥਰਹਿ ॥ ਸਮੁੰਦ ਕੋਟਿ ਜਾ ਕੇ ਪਾਨੀਹਾਰ ॥ ਰੋਮਾਵਲਿ ਕੋਟਿ ਅਠਾਰਹ ਭਾਰ ॥੩॥ ਕੋਟਿ ਕਮੇਰ ਭਰਹਿ ਭੰਡਾਰ ॥ ਕੋਟਿਕ ਲਖਿਮੀ ਕਰੈ ਸੀਗਾਰ ॥ ਕੋਟਿਕ ਪਾਪ ਪੁੰਨ ਬਹੁ ਹਿਰਹਿ ॥ ਇੰਦ੍ਰ ਕੋਟਿ ਜਾ ਕੇ ਸੇਵਾ ਕਰਹਿ ॥੪॥ ਛਪਨ ਕੋਟਿ ਜਾ ਕੈ ਪ੍ਰਤਿਹਾਰ ॥ ਨਗਰੀ ਨਗਰੀ ਖਿਅਤ ਅਪਾਰ ॥ ਲਟ ਛੂਟੀ ਵਰਤੈ ਬਿਕਰਾਲ ॥ ਕੋਟਿ ਕਲਾ ਖੇਲੈ ਗੋਪਾਲ ॥ ੫॥ ਕੋਟਿ ਜਗ ਜਾ ਕੈ ਦਰਬਾਰ ॥ ਗੰਧ੍ਰਬ ਕੋਟਿ ਕਰਹਿ ਜੈਕਾਰ ॥ ਬਿਦਿਆ ਕੋਟਿ ਸਭੈ ਗੁਨ ਕਹੈ ॥ ਤਊ ਪਾਰਬ੍ਰਹਮ ਕਾ ਅੰਤੁ ਨ ਲਹੈ ॥੬॥ ਬਾਵਨ ਕੋਟਿ ਜਾ ਕੈ ਰੋਮਾਵਲੀ ॥ ਰਾਵਨ ਸੈਨਾ ਜਹ ਤੇ ਛਲੀ ॥ ਸਹਸ ਕੋਟਿ ਬਹੁ ਕਹਤ ਪੁਰਾਨ ॥ ਦੁਰਜੋਧਨ ਕਾ ਮਥਿਆ ਮਾਨੁ ॥੭॥ ਕੰਦ੍ਰਪ ਕੋਟਿ ਜਾ ਕੈ ਲਵੈ ਨ ਧਰਹਿ ॥ ਅੰਤਰ ਅੰਤਰਿ ਮਨਸਾ ਹਰਹਿ ॥ ਕਹਿ ਕਬੀਰ ਸੁਨਿ ਸਾਰਿਗਪਾਨ ॥ ਦੇਹਿ ਅਭੈ ਪਦੁ ਮਾਂਗਉ ਦਾਨ ॥ ੮॥੨॥੧੮॥੨੦॥

{ਪੰਨਾ 1162-1163}

ਪਦਅਰਥ:- ਕੋਟਿ—ਕ੍ਰੋੜਾਂ। ਸੂਰ—ਸੂਰਜ। ਜਾ ਕੈ—ਜਿਸ ਦੇ ਦਰ ਤੇ। ਮਹਾਦੇਵ—ਸ਼ਿਵ। ਕਬਿਲਾਸ—ਕੈਲਾਸ਼। ਮਰਦਨੁ—ਮਾਲਸ਼, ਚਰਨ ਮਲਣਾ।1।

ਜਉ—ਜਦੋਂ। ਜਾਚਉ—ਜਾਚਉਂ, ਮੈਂ ਮੰਗਦਾ ਹਾਂ। ਆਨ—ਹੋਰ। ਕਾਮ—ਗ਼ਰਜ਼।1। ਰਹਾਉ।

ਚਰਾਕ—ਚਰਾਗ, ਰੌਸ਼ਨੀ, ਦੀਵੇ ਦੀ ਰੌਸ਼ਨੀ। ਸੁਰ ਤੇਤੀਸ—ਤੇਤੀ ਕ੍ਰੋੜ ਦੇਵਤੇ। ਉਜੇਵਹਿ—ਛਕਦੇ ਹਨ। ਪਾਕ—ਭੋਜਨ। ਠਾਢੇ—ਖਾੜੇ ਹਨ। ਪ੍ਰਤਿਹਾਰ—ਦਰਬਾਨ।2।

ਬਾਸਕ—ਸ਼ੇਸ਼ਨਾਗ। ਬਿਸਥਰਹਿ—ਵਿਛਾਉਂਦੇ ਹਨ। ਪਾਨੀਹਾਰ—ਪਾਣੀ ਭਰਨ ਵਾਲੇ। ਰੋਮਾਵਲਿ—ਰੋਮਾਂ ਦੀ ਕਤਾਰ, ਜਿਸਮ ਦੇ ਰੋਮ। ਅਠਾਰਹ ਭਾਰ—ਸਾਰੀ ਬਨਸਪਤੀ।3।

ਕਮੇਰ—ਧਨ ਦਾ ਦੇਵਤਾ। ਹਿਰਹਿ—ਹੇਰਹਿ, ਤੱਕ ਰਹੇ ਹਨ।4।

ਛਪਨ ਕੋਟਿ—ਛਵੰਜਾ ਕ੍ਰੋੜ ਮੇਘ ਮਾਲਾ। ਖਿਅਤ—ਚਮਕ। ਲਟ ਛੂਟੀ—ਲਿਟਾਂ ਖੋਲ੍ਹ ਕੇ। ਬਿਕਰਾਲ—ਡਰਾਉਣੀਆਂ (ਕਾਲੀ ਦੇਵੀਆਂ)। ਕਲਾ—ਸ਼ਕਤੀਆਂ।5।

ਗੰਧ੍ਰਬ—ਦੇਵਤਿਆਂ ਦੇ ਰਾਗੀ।6।

ਬਾਵਨ—ਵਾਮਨ ਅਵਤਾਰ। ਜਹ ਤੇ—ਜਿਸ ਸ੍ਰੀ ਰਾਮ ਚੰਦਰ ਤੋਂ। ਸਹਸ—ਹਜ਼ਾਰਾਂ। ਮਥਿਆ—(ਜਿਸ ਸ੍ਰੀ ਕ੍ਰਿਸ਼ਨ ਜੀ ਨੇ) ਨਾਸ ਕੀਤਾ।7।

ਕੰਦ੍ਰਪ—ਕਾਮ ਦੇਵਤਾ। ਲਵੈ ਨ ਧਰਹਿ—(ਸੁੰਦਰਤਾ ਦੀ) ਬਰਾਬਰੀ ਨਹੀਂ ਕਰ ਸਕਦੇ। ਅੰਤਰ ਅੰਤਰਿ ਮਨਸਾ—ਲੋਕਾਂ ਦੇ ਹਿਰਦਿਆਂ ਦੀ ਅੰਦਰਲੀ ਵਾਸ਼ਨਾ। ਅੰਤਰ—ਅੰਦਰਲਾ, ਹਿਰਦਾ। ਅੰਤਰਿ—ਅੰਦਰ। ਹਰਹਿ—(ਜੋ ਕਾਮਦੇਵ) ਚੁਰਾ ਲੈਂਦੇ ਹਨ।8।

ਅਰਥ:- ਮੈਂ ਜਦੋਂ ਭੀ ਮੰਗਦਾ ਹਾਂ, ਸਿਰਫ਼ ਪ੍ਰਭੂ ਦੇ ਦਰ ਤੋਂ ਮੰਗਦਾ ਹਾਂ, ਮੈਨੂੰ ਕਿਸੇ ਹੋਰ ਦੇਵਤੇ ਨਾਲ ਕੋਈ ਗ਼ਰਜ਼ ਨਹੀਂ ਹੈ।1। ਰਹਾਉ।

(ਮੈਂ ਉਸ ਪ੍ਰਭੂ ਦੇ ਦਰ ਤੋਂ ਮੰਗਦਾ ਹਾਂ) ਜਿਸ ਦੇ ਦਰ ਤੇ ਕ੍ਰੋੜਾਂ ਸੂਰਜ ਚਾਨਣ ਕਰ ਰਹੇ ਹਨ, ਜਿਸ ਦੇ ਦਰ ਤੇ ਕ੍ਰੋੜਾਂ ਸ਼ਿਵ ਜੀ ਤੇ ਕੈਲਾਸ਼ ਹਨ; ਅਤੇ ਕ੍ਰੋੜਾਂ ਹੀ ਬ੍ਰਹਮਾ ਜਿਸ ਦੇ ਦਰ ਤੇ ਵੇਦ ਉਚਾਰ ਰਹੇ ਹਨ।1।

(ਮੈਂ ਉਸ ਪ੍ਰਭੂ ਦਾ ਜਾਚਕ ਹਾਂ) ਜਿਸ ਦੇ ਦਰ ਤੇ ਕ੍ਰੋੜਾਂ ਚੰਦ੍ਰਮਾ ਰੌਸ਼ਨੀ ਕਰਦੇ ਹਨ, ਜਿਸ ਦੇ ਦਰ ਤੋਂ ਤੇਤੀ ਕ੍ਰੋੜ ਦੇਵਤੇ ਭੋਜਨ ਛਕਦੇ ਹਨ, ਕ੍ਰੋੜਾਂ ਹੀ ਨੌ ਗ੍ਰਹਿ ਜਿਸ ਦੇ ਦਰਬਾਰ ਵਿਚ ਖਲੋਤੇ ਹੋਏ ਹਨ, ਅਤੇ ਕ੍ਰੋੜਾਂ ਹੀ ਧਰਮ-ਰਾਜ ਜਿਸ ਦੇ ਦਰਬਾਨ ਹਨ।2।

(ਮੈਂ ਕੇਵਲ ਉਸ ਪ੍ਰਭੂ ਦੇ ਦਰ ਦਾ ਮੰਗਤਾ ਹਾਂ) ਜਿਸ ਦੇ ਚੁਬਾਰੇ ਉੱਤੇ ਕ੍ਰੋੜਾਂ ਹਵਾਵਾਂ ਚੱਲਦੀਆਂ ਹਨ, ਕ੍ਰੋੜਾਂ ਸ਼ੇਸ਼ਨਾਗ ਜਿਸ ਦੀ ਸੇਜ ਵਿਛਾਉਂਦੇ ਹਨ, ਕ੍ਰੋੜਾਂ ਸਮੁੰਦਰ ਜਿਸ ਦੇ ਪਾਣੀ ਭਰਨ ਵਾਲੇ ਹਨ, ਅਤੇ ਬਨਸਪਤੀ ਦੇ ਕ੍ਰੋੜਾਂ ਹੀ ਅਠਾਰਾਂ ਭਾਰ ਜਿਸ ਦੇ ਜਿਸਮ ਦੇ, ਮਾਨੋ, ਰੋਮ ਹਨ।3।

(ਮੈਂ ਉਸ ਪ੍ਰਭੂ ਤੋਂ ਹੀ ਮੰਗਦਾ ਹਾਂ) ਜਿਸ ਦੇ ਖ਼ਜ਼ਾਨੇ ਕ੍ਰੋੜਾਂ ਹੀ ਕੁਬੇਰ ਦੇਵਤੇ ਭਰਦੇ ਹਨ, ਜਿਸ ਦੇ ਦਰ ਤੇ ਕ੍ਰੋੜਾਂ ਹੀ ਲਛਮੀਆਂ ਸ਼ਿੰਗਾਰ ਕਰ ਰਹੀਆਂ ਹਨ, ਕ੍ਰੋੜਾਂ ਹੀ ਪਾਪ ਤੇ ਪੁੰਨ ਜਿਸ ਵਲ ਤੱਕ ਰਹੇ ਹਨ (ਕਿ ਸਾਨੂੰ ਆਗਿਆ ਕਰੇ) ਅਤੇ ਕ੍ਰੋੜਾਂ ਹੀ ਇੰਦਰ ਦੇਵਤੇ ਜਿਸ ਦੇ ਦਰ ਤੇ ਸੇਵਾ ਕਰ ਰਹੇ ਹਨ।4।

(ਮੈਂ ਕੇਵਲ ਉਸ ਗੋਪਾਲ ਦਾ ਜਾਚਕ ਹਾਂ) ਜਿਸ ਦੇ ਦਰ ਤੇ ਛਵੰਜਾ ਕਰੋੜ ਬੱਦਲ ਦਰਬਾਨ ਹਨ, ਤੇ ਜੋ ਥਾਂ ਥਾਂ ਤੇ ਚਮਕ ਰਹੇ ਹਨ; ਜਿਸ ਗੋਪਾਲ ਦੇ ਦਰ ਤੇ ਕ੍ਰੋੜਾਂ ਸ਼ਕਤੀਆਂ ਖੇਡਾਂ ਕਰ ਰਹੀਆਂ ਹਨ, ਤੇ ਕ੍ਰੋੜਾਂ ਹੀ ਕਾਲਕਾ ਕੇਸ ਖੋਲ੍ਹ ਕੇ ਡਰਾਉਣਾ ਰੂਪ ਧਾਰ ਕੇ ਜਿਸ ਦੇ ਦਰ ਤੇ ਮੌਜੂਦ ਹਨ।5।

(ਮੈਂ ਉਸ ਪ੍ਰਭੂ ਤੋਂ ਹੀ ਮੰਗਦਾ ਹਾਂ) ਜਿਸ ਦੇ ਦਰਬਾਰ ਵਿਚ ਕ੍ਰੋੜਾਂ ਜੱਗ ਹੋ ਰਹੇ ਹਨ, ਤੇ ਕ੍ਰੋੜਾਂ ਗੰਧਰਬ ਜੈ-ਜੈਕਾਰ ਗਾ ਰਹੇ ਹਨ, ਕ੍ਰੋੜਾਂ ਹੀ ਵਿੱਦਿਆ ਜਿਸ ਦੇ ਬੇਅੰਤ ਗੁਣ ਬਿਆਨ ਕਰ ਰਹੀਆਂ ਹਨ, ਪਰ ਫਿਰ ਭੀ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪਾ ਸਕਦੀਆਂ।6।

(ਮੈਂ ਉਸ ਪ੍ਰਭੂ ਦਾ ਜਾਚਕ ਹਾਂ) ਕ੍ਰੋੜਾਂ ਹੀ ਵਾਮਨ ਅਵਤਾਰ ਜਿਸ ਦੇ ਸਰੀਰ ਦੇ, ਮਾਨੋ, ਰੋਮ ਹਨ, ਜਿਸ ਦੇ ਦਰ ਤੇ ਕ੍ਰੋੜਾਂ ਹੀ ਉਹ (ਸ੍ਰੀ ਰਾਮ ਚੰਦਰ ਜੀ) ਹਨ ਜਿਸ ਤੋਂ ਰਾਵਣ ਦੀ ਸੈਨਾ ਹਾਰੀ ਸੀ; ਜਿਸ ਦੇ ਦਰ ਤੇ ਕ੍ਰੋੜਾਂ ਹੀ ਉਹ (ਕ੍ਰਿਸ਼ਨ ਜੀ) ਹਨ ਜਿਸ ਨੂੰ ਭਾਗਵਤ ਪੁਰਾਣ ਬਿਆਨ ਕਰ ਰਿਹਾ ਹੈ, ਤੇ ਜਿਸ ਨੇ ਦੁਰਜੋਧਨ ਦਾ ਅਹੰਕਾਰ ਤੋੜਿਆ ਸੀ।7।

ਕਬੀਰ ਆਖਦਾ ਹੈ—(ਮੈਂ ਉਸ ਤੋਂ ਮੰਗਦਾ ਹਾਂ) ਜਿਸ ਦੀ ਸੁੰਦਰਤਾ ਦੀ ਬਰਾਬਰੀ ਉਹ ਕ੍ਰੋੜਾਂ ਕਾਮਦੇਵ ਭੀ ਨਹੀਂ ਕਰ ਸਕਦੇ ਜੋ ਨਿੱਤ ਜੀਵਾਂ ਦੇ ਹਿਰਦਿਆਂ ਦੀ ਅੰਦਰਲੀ ਵਾਸ਼ਨਾ ਚੁਰਾਉਂਦੇ ਰਹਿੰਦੇ ਹਨ; (ਤੇ, ਮੈਂ ਮੰਗਦਾ ਕੀਹ ਹਾਂ? ਉਹ ਭੀ) ਸੁਣ, ਹੇ ਧਨਖਧਾਰੀ ਪ੍ਰਭੂ! ਮੈਨੂੰ ਉਹ ਆਤਮਕ ਅਵਸਥਾ ਬਖ਼ਸ਼ ਜਿੱਥੇ ਮੈਨੂੰ ਕੋਈ ਕਿਸੇ (ਦੇਵੀ ਦੇਵਤੇ) ਦਾ ਡਰ ਨਾਹ ਰਹੇ, (ਬੱਸ) ਮੈਂ ਇਹੀ ਦਾਨ ਮੰਗਦਾ ਹੈ।8।2। 18। 20।